# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 03-12-2024**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿਲੀ ਵਿਖੇ, ਦਿਵਿਆਂਗਜਨਾਂ ਦੇ ਅੰਤਰ-ਰਾਸ਼ਟਰੀ ਦਿਵਸ ਮੌਕੇ, ਦਿਵਿਆਂਗਜਨਾਂ ਦੇ ਸ਼ਸ਼ਕਤੀਕਰਨ ਲਈ, ਰਾਸ਼ਟਰੀ ਪੁਰਸਕਾਰ ਪ੍ਰਦਾਨ ਕੀਤੇ । ਇਸ ਮੌਕੇ ਸਮਾਜਿਕ ਨਿਆਂ ਅਤੇ ਅਧਿਕਾਰਾਂ ਬਾਰੇ ਮੰਤਰੀ, ਡਾ. ਵਰਿੰਦਰ ਕੁਮਾਰ ਨੇ ਦਿਵਿਆਂਗਜਨਾਂ ਦੇ ਜੀਵਨ ਨੂੰ ਖੁਸ਼ਹਾਲ ਬਣਾਉਣ ਦੇ ਉਦੇਸ਼ ਨਾਲ, 16 ਪਹਿਲਕਦਮੀਆਂ ਦਾ ਉਦਘਾਟਨ ਵੀ ਕੀਤਾ । ਇਹ ਪਹਿਲਕਦਮੀਆਂ, ਸਮਾਵੇਸ਼, ਨਵੀਆਂ ਕਾਢਾਂ ਅਤੇ ਤਕਨਾਲੋਜੀ ਨੂੰ ਸ਼ਾਮਲ ਕਰਦੀਆਂ ਨੇ, ਜਿਸ ਨਾਲ ਅਧਿਕਾਰ ਪ੍ਰਾਪਤ ਬਣਾਉਣ ਦੀ ਵਿਭਾਗ ਦੀ ਵਚਨਵੱਧਤਾ ਪੱਕੀ ਹੁੰਦੀ ਏ । ਕੁਝ ਮੁੱਖ ਪਹਿਲਕਦਮੀਆਂ ਵਿੱਚ 'ਬਰੇਲ ਬੁਕ' ਪੋਰਟਲ ਦੀ ਸ਼ੁਰੂਆਤ ਅਤੇ ਹੋਰ ਕਾਰਜ ਸ਼ਾਮਲ ਏ । ਇਸ ਪ੍ਰੋਗਰਾਮ ਦਾ ਉਦੇਸ਼ ਸਰਕਾਰੀ ਅਤੇ ਗੈਰ-ਸਰਕਾਰੀ ਸੰਗਠਨਾਂ,

ਮਾਹਿਰਾਂ ਅਤੇ ਵੱਖ-ਵੱਖ ਹਿੱਸੇਦਾਰਾਂ ਦੇ ਨੁਮਾਇਦਿਆਂ ਨੂੰ ਇਕੱਠਾ ਕਰਨਾ ਏ, ਤਾਂ ਜੋ ਸਮਾਜਿਕ ਤਬਦੀਲੀ ਅਤੇ ਇੱਕ ਸਮਾਵੇਸ਼ੀ ਸਮਾਜ ਦੇ ਨਿਰਮਾਣ ਵਿੱਚ ਯੋਗਦਾਨ ਪਾਇਆ ਜਾ ਸਕੇ।

---------------------------------------------------

ਏਧਰ ਪੰਜਾਬ ਸਰਕਾਰ ਵੱਲੋਂ ਵੀ, ਅੱਜ ਅੰਤਰ-ਰਾਸ਼ਟਰੀ ਦਿਵਿਆਂਗਤਾ ਦਿਵਸ ਸਬੰਧੀ ਫਰੀਦਕੋਟ ਦੇ ਨਹਿਰੂ ਸਟੇਡੀਅਮ ਵਿਖੇ ਕਰਵਾਏ ਜਾ ਰਹੇ, ਸੂਬਾ ਪੱਧਰੀ ਸਮਾਗਮ ਮੌਕੇ, ਵੱਖ- ਵੱਖ ਸ਼ਖ਼ਸ਼ੀਅਤਾਂ ਦਾ 'ਸਟੇਟ ਅਵਾਰਡ' ਨਾਲ ਸਨਮਾਨ ਕੀਤਾ ਜਾ ਰਿਹਾ ਏ । ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬਾ ਪੱਧਰ ਦੇ ਇਸ ਸਮਾਗਮ ਵਿੱਚ ਉੱਤਮ ਕਾਰਜ ਕਰਨ ਵਾਲੇ ਮੁਲਾਜ਼ਮਾਂ, ਵਿਅਕਤੀਆਂ ਅਤੇ ਗੈਰ ਸਰਕਾਰੀ ਸੰਸਥਾਵਾਂ ਨੂੰ, ਵੱਖ-ਵੱਖ ਸ਼੍ਰੇਣੀਆਂ ਤਹਿਤ ਸਨਮਾਨਿਤ ਕੀਤਾ ਜਾ ਰਿਹਾ ਏ । ਇਸ ਮੌਕੇ ਵੱਖ-ਵੱਖ ਵਿਭਾਗਾਂ ਵੱਲੋਂ,ਪੰਜਾਬ ਸਰਕਾਰ ਦੁਆਰਾ ਚੱਲ ਰਹੀਆਂ ਯੋਜਨਾਵਾਂ ਦੀ ਜਾਣਕਾਰੀ ਅਤੇ ਜਰੂਰਤਮੰਦਾਂ ਨੂੰ ਮੋਕੇ ਤੇ

ਰੋਜਗਾਰ, ਸਵੈ-ਰੋਜ਼ਗਾਰ ਅਤੇ ਹੁਨਰ ਸਿਖਲਾਈ ਦੇ ਮੋਕੇ ਪ੍ਰਦਾਨ ਕੀਤੇ ਜਾ ਰਹੇ ਨੇ ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਚੰਡੀਗੜ੍ਹ ਵਿੱਚ ਤਿੰਨ ਪਰਿਵਰਤਨਸ਼ੀਲ ਨਵੇਂ ਅਪਰਾਧਿਕ ਕਾਨੂੰਨਾਂ ਦੇ ਸਫਲ ਅਮਲ ਨੂੰ ਰਾਸ਼ਟਰ ਨੂੰ ਸਮਰਪਿਤ ਕਰਨ ਲਈ ,ਚੰਡੀਗੜ੍ਹ ਪੁਹੰਚ ਗਏ ਨੇ । ਇਨਾ ਕਾਨੂੰਨਾਂ ਵਿਚ , ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, ਅਤੇ ਭਾਰਤੀਯ ਸਕਸ਼ਯ ਅਧਿਨਿਯਮ ਸ਼ਾਮਿਲ ਨੇ । ਇਸ ਸਾਲ ਪਹਿਲੀ ਜੁਲਾਈ ਨੂੰ ਦੇਸ਼ ਭਰ ਵਿੱਚ ਲਾਗੂ ਕੀਤੇ ਗਏ ਨਵੇਂ ਅਪਰਾਧਿਕ ਕਾਨੂੰਨਾਂ ਦਾ ਉਦੇਸ਼, ਦੇਸ਼ ਦੀ ਕਾਨੂੰਨੀ ਪ੍ਰਣਾਲੀ ਨੂੰ ਵਧੇਰੇ ਪਾਰਦਰਸ਼ੀ, ਕੁਸ਼ਲ ਅਤੇ ਸਮਕਾਲੀ ਸਮਾਜ ਦੀਆਂ ਲੋੜਾਂ ਦੇ ਅਨੁਕੂਲ ਬਣਾਉਣਾ ਏ । ਪ੍ਰੋਗਰਾਮ ਦਾ ਵਿਸ਼ਾ "ਸੁਰੱਖਿਅਤ ਸਮਾਜ, ਵਿਕਸਤ ਭਾਰਤ: ਸਜ਼ਾ ਤੋਂ ਨਿਆਂ ਤੱਕ" ਰੱਖਿਆ ਗਿਆ ਏ । ਇਹ ਪ੍ਰੋਗਰਾਮ ,ਕਾਨੂੰਨਾਂ ਦੀ ਵਿਹਾਰਕ ਵਰਤੋਂ ਨੂੰ ਦਰਸਾਏਗਾ , ਜਿਸ ਵਿਚ ਇਹ ਦਸਿਆ ਗਿਆ ਏ ਕਿ ਇਹ ਕਾਨੂੰਨ ਅਪਰਾਧਿਕ ਨਿਆਂ ਸਿਲਸਿਲੇ ਨੂੰ

ਕਿਵੇਂ ਨੁਹਾਰ ਦੇ ਰਹੇ ਨੇ ।

NSD

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਦੇਸ਼ ਦੇ ਪਹਿਲੇ ਰਾਸ਼ਟਰਪਤੀ ਡਾਕਟਰ ਰਾਜੇਂਦਰ ਪ੍ਰਸਾਦ ਨੂੰ, ਉਨ੍ਹਾਂ ਦੀ ਜਨਮ ਵਰੇਗੰਢ 'ਤੇ ਸ਼ਰਧਾਂਜਲੀ ਭੇਟ ਕੀਤੀ ਏ। ਪ੍ਰਧਾਨ ਮੰਤਰੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਨੇ ਕਿਹਾ ਏ ਕਿ, ਸੰਵਿਧਾਨ ਸਭਾ ਦੇ ਚੇਅਰਮੈਨ ਦੇ ਰੂਪ ਵਿੱਚ, ਡਾਕਟਰ ਰਾਜੇਂਦਰ ਪ੍ਰਸਾਦ ਨੇ, ਭਾਰਤੀ ਲੋਕਰਾਜ ਦੀ ਮਜ਼ਬੂਤ ਨੀਂਹ ਰੱਖਣ ਵਿੱਚ, ਵੱਢਮੁਲਾ ਯੋਗਦਾਨ ਪਾਇਆ। ਸ਼੍ਰੀ ਮੋਦੀ ਨੇ ਕਿਹਾ ਕਿ ਸੰਵਿਧਾਨ ਦੀ 75ਵੀਂ ਵਰ੍ਹੇਗੰਢ ਦੇ ਜਸ਼ਨਾਂ ਦੌਰਾਨ, ਸ਼੍ਰੀ ਰਾਜੇਂਦਰ ਪ੍ਰਸਾਦ ਦੇ ਆਦਰਸ਼ ਹੋਰ ਵੀ ਪ੍ਰੇਰਨਾਦਾਇਕ ਬਣ ਗਏ ਨੇ।

---------------------------------------------------------

ਪੰਜਾਬ ’ਚ ਰੇਸ਼ਮ ਦੇ ਕਿੱਤੇ ਨਾਲ ਸਬੰਧਤ ਰੇਸ਼ਮ ਕੀਟ ਪਾਲਕਾਂ ਅਤੇ ਰੇਸ਼ਮ ਦੇ ਕਾਰੀਗਰਾਂ, ਸਵੈ ਸਹਾਇਤਾ ਸਮੂਹਾਂ ਅਤੇ ਵਿਸ਼ੇਸ ਤੌਰ ਤੇ ਔਰਤਾਂ ਨੂੰ ਉਤਸ਼ਾਹਿਤ ਕਰਨ ਅਤੇ ਉਹਨਾਂ ਦੀ ਆਮਦਨ ਵਧਾਉਣ ਦੇ

ਉਦੇਸ਼ ਨਾਲ ਸਿਲਕ ਐਕਸਪੋ-2024 ਦਾ ਆਯੋਜ਼ਨ ਕੀਤਾ ਜਾ ਰਿਹਾ ਏ । ਪੰਜਾਬ ਦੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿਲਕ ਐਕਸਪੋ ਕਲ ਤੋਂ 9 ਦਸੰਬਰ- ਤੱਕ ਚੰਡੀਗੜ੍ਹ ਦੇ ਕਿਸਾਨ ਭਵਨ ਵਿਖੇ ਲਗਾਇਆ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਇਹ ਐਕਸਪੋ, ਸਿਲਕ ਮਾਰਕ ਆਰਗੇਨਾਈਜੇਸ਼ਨ ਆਫ਼ ਇੰਡੀਆ ਅਤੇ ਬਾਗਬਾਨੀ ਵਿਭਾਗ ਪੰਜਾਬ ਦੇ ਆਪਸੀ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਏ । ਸ੍ਰੀ ਭਗਤ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਭਾਰਤ ਦੇ ਸਮੂਹ ਸੂਬਿਆਂ ਦੇ ਕਾਰੀਗਰ, ਵਪਾਰੀ, ਰੇਸ਼ਮ ਬੋਰਡ ਦੇ ਰਜਿਸਟਰਡ ਅਦਾਰੇ, ਸੁਸ਼ਾਇਟੀਜ਼ ਵੱਲੋਂ ਸਿਲਕ ਨਾਲ ਸਬੰਧਤ ਵੱਖ-ਵੱਖ ਕਿਸਮਾਂ ਦੇ ਸਟਾਲ ਲਗਾਏ ਜਾਣਗੇ।

---------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕੱਲ ਜ਼ਿਲਾ ਸ੍ਰੀ ਮੁਕਤਸਰ ਸਾਹਿਬ ਵਿਚ ਮਲੋਟ ਦੇ ਪਿੰਡ ਦਾਨੇਵਾਲਾ ਵਿਖੇ ਸੂਬਾ ਪੱਧਰੀ ਸ਼ੁਰੂਆਤੀ ਸਮਾਗਮ ਦੌਰਾਨ ਔਰਤਾਂ ਲਈ, ਸਿਹਤ ਅਤੇ ਰੋਜ਼ਗਾਰ ਸਬੰਧੀ ਲਗਾਏ ਗਏ ਕੈਂਪ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਔਰਤਾਂ ਹਰੇਕ

ਖੇਤਰ ਵਿੱਚ ਮੱਲਾਂ ਮਾਰ ਰਹੀਆਂ ਨੇ ਅਜਿਹਾ ਕੋਈ ਵੀ ਖੇਤਰ ਨਹੀਂ ਜਿੱਥੇ ਔਰਤਾਂ ਦਾ ਅਹਿਮ ਯੋਗਦਾਨ ਨਾ ਹੋਵੇ। ਉਨ੍ਹਾਂ ਕਿਹਾ ਕਿ ਇਸ ਕੈਂਪ ਦਾ ਮੁੱਖ ਮੰਤਵ, ਔਰਤਾਂ ਨੂੰ ਕੈਂਸਰ ਜਿਹੀ ਭਿਆਨਕ ਬਿਮਾਰੀ ਤੋਂ ਬਚਾਉਣਾ ਏ , ਇਸ ਕੈਂਪ ਵਿੱਚ ਕੈਂਸਰ ਦੀ ਸਕਰੀਨਿੰਗ ਸਬੰਧੀ 500 ਤੋਂ ਵੱਧ ਔਰਤਾਂ ਵੱਲੋਂ ਰਜਿਸਟ੍ਰੇਸ਼ਨ ਕਰਵਾਈ ਗਈ ਏ ਅਤੇ ਕੁੜੀਆਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਹੀ ਰੁਜ਼ਗਾਰ ਮੁਹੱਈਆ ਕਰਵਾਉਣਾ ਏ। ਰੋਜ਼ਗਾਰ ਸਬੰਧੀ 209 ਲੜਕੀਆਂ ਵੱਲੋਂ ਪਲੇਸਮੈਂਟ ਕੈਂਪ ਵਿੱਚ ਹਿੱਸਾ ਲਿਆ ਗਿਆ ਅਤੇ ਮੌਕੇ ’ਤੇ ਹੀ, 134 ਲੜਕੀਆਂ ਦੀ 7 ਕੰਪਨੀਆਂ ਵੱਲੋਂ ਨੌਕਰੀ ਲਈ ਚੋਣ ਕੀਤੀ ਗਈ। ਉਨ੍ਹਾਂ ਕਿਹਾ ਕਿ ਇਸ ਕੈਂਪ ਵਿੱਚ ਔਰਤਾਂ ਨੂੰ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਸਾਰੀਆਂ ਸੁਵਿਧਾਵਾਂ ਇਕੱਠੀਆਂ ਕੀਤੀਆਂ ਗਈਆਂ ਨੇ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਵੱਖ-ਵੱਖ ਤਰ੍ਹਾਂ ਦੀਆਂ ਸਟਾਲਾਂ ਲਗਾਈਆਂ ਗਈਆਂ ਨੇ, ਜਿਨ੍ਹਾਂ ਵਿਚ ਸਿਹਤ ਸੁਵਿਧਾਵਾਂ ਮੁਹੱਈਆ ਕਰਵਾਉਣਾ, ਵਿਧਵਾ ਪੈਨਸ਼ਨ, ਬੁਢਾਪਾ ਪੈਨਸ਼ਨ, ਰੋਜ਼ਗਾਰ ਸਬੰਧੀ ਪਲੇਸਮੈਂਟ ਕੈਂਪ, ਸਰੀਰ ਨੂੰ ਤੰਦਰੁਸਤ ਰੱਖਣ ਲਈ ਯੋਗਾ ਕਲਾਸ ਦੀਆਂ ਸਟਾਲਾਂ ਲਗਾਈਆਂ ਗਈਆਂ ਨੇ ।

ਉਨ੍ਹਾਂ ਕਿਹਾ ਕਿ ਵਿਧਵਾ ਔਰਤਾਂ ਨੂੰ ਉਨ੍ਹਾਂ ਦੇ ਬੱਚਿਆਂ ਲਈ ਪ੍ਰਯੋਜਿਤ ਯੋਜਨਾ ਤਹਿਤ 4000 ਰੁਪਏ ਪ੍ਰਤੀ ਮਹੀਨਾ ਪ੍ਰੋਤਸਾਹਨ ਰਾਸ਼ੀ, ਘੱਟ ਵਿਆਜ ਦਰ ’ਤੇ ਲੋਨ ਦੀ ਸੁਵਿਧਾ ਸਹੂਲਤਾਂ ਵੀ ਵਿਭਾਗ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਨੇ । ਇਸ ਮੌਕੇ ਉਨ੍ਹਾਂ 132 ਲਾਭਪਾਤਰੀਆਂ ਨੂੰ 51 ਹਜ਼ਾਰ  ਪ੍ਰਤੀ ਲਭਾਪਾਤਰੀ ਦੇ ਹਿਸਾਬ ਨਾਲ 67 ਲੱਖ 32 ਹਜ਼ਾਰ ਰੁਪਏ ਦੇ ਚੈੱਕ ਅਸ਼ੀਰਵਾਦ ਯੋਜਨਾ ਤਹਿਤ ਤਕਸੀਮ ਕੀਤੇ ਗਏ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਟੀਚਾ ਏ  ਕਿ ਸੂਬੇ ਦੇ ਹਰ ਜ਼ਿਲ੍ਹੇ ਇਸ ਤਰ੍ਹਾਂ ਦੇ ਕੈਂਪ ਲਗਾਉਣਾ ਏ ਤਾਂ ਜੋ ਕੋਈ ਵੀ ਔਰਤ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸੁਵਿਧਾਵਾਂ ਤੋਂ ਵਾਂਝੀ ਨਾ ਰਹੇ ਅਤੇ ਹਰ ਇੱਕ ਔਰਤ ਨੂੰ ਉਨ੍ਹਾਂ ਦੇ ਹੱਕਾਂ ਪ੍ਰਤੀ ਜਾਗਰੂਕ ਕੀਤਾ ਜਾ ਸਕੇ। ਇਸ ਮੌਕੇ ਸਕੂਲੀ ਬੱਚਿਆਂ ਵੱਲੋਂ ਸਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ ਅਤੇ ਕੈਬਨਿਟ ਮੰਤਰੀ ਵੱਲੋਂ 149 ਖਿਡਾਰੀਆਂ ਨੂੰ ਟਰੈਕ ਸੂਟ, 100 ਲੜਕੀਆਂ ਸਕੂਲੀ ਬੈਗ ਅਤੇ ਸਪਾਂਸਿਰਸ਼ਿਪ ਸਕੀਮ ਤਹਿਤ ਲਾਭਪਾਤਰੀਆਂ ਨੂੰ ਟੀ-ਸ਼ਰਟ ਅਤੇ ਬੈਗ ਵੀ ਵੰਡੇ ਗਏ।

ਇਸ ਮੌਕੇ  ਸਮਾਜਿਕ ਸੁਰੱਖਿਆ, ਮਹਿਲਾ  ਤੇ ਬਾਲ ਵਿਕਾਸ ਵਿਭਾਗ

ਦੇ ਵਿਸ਼ੇਸ਼ ਮੁੱਖ ਸਕੱਤਰ, ਰਾਜੀ ਪੀ. ਸ੍ਰੀਵਾਸਤਵਾ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਰਹੇ।

---------------------------------------------------------------

ਫਾਜਿਲਕਾ ਪੁਲਿਸ ਨੇ ਨਸ਼ਾ ਤਸਕਰਾਂ ਦੇ ਖਿਲਾਫ ਚਲਾਈ ਮੁਹਿੰਮ ਤਹਿਤ, ਕਲ ਇੱਕ ਟਰੱਕ ਵਿਚੋਂ ਇਕ ਲਖ ,71 ਹਜ਼ਾਰ 500 ਨਸ਼ੀਲੀਆਂ ਗੋਲੀਆਂ ਅਤੇ 14 ਕਿਲੋਗ੍ਰਾਮ ਪੋਸਤ ਬ੍ਰਾਮਦ ਕੀਤੀ ਏ । ਜਿਲਾ ਪੁਲਿਸ ਮੁਖੀ ਵਰਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਅਬੋਹਰ-ਗੰਗਾਨਗਰ ਸੜਕ ਨੇੜੇ ਰਾਜਸਥਾਨ ਦੇ ਸ੍ਰੀ ਗੰਗਾਨਗਰ ਤੋਂ ਆ ਰਹੇ ਟਰੱਕ ਨੂੰ ਚੈਕਿੰਗ ਦੌਰਾਨ ਰੋਕਿਆ ਗਿਆ, ਤਾਂ ਨਸ਼ਾ ਤਸਕਰ ਟਰੱਕ ਡ੍ਰਾਈਵਰ ਮਾਂਗੀ ਲਾਲ ਬਿਸ਼ਨੋਈ ਮੌਕੇ ਤੋਂ ਫਰਾਰ ਹੋ ਗਿਆ । ਉਨ੍ਹਾਂ ਦਸਿਆ ਕਿ ਮਾਂਗੀ ਲਾਲ ਬਿਸ਼ਨੋਈ ਨਸ਼ੀਲੀਆਂ ਗੋਲੀਆਂ ਅਤੇ ਪੋਸਤ ,ਰਾਜਸਥਾਨ ਤੋਂ ਟਰੱਕ ਵਿਚ ਲਿਆ ਕੇ ਪੰਜਾਬ ਵਿਚ ਵੇਚਦਾ ਏ । ਦੋਸ਼ੀ ਦੇ ਖਿਲਾਫ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ ਮਾਮਲਾ ਦਰਜ ਕਰਕੇ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਏ। ਦੋਸ਼ੀ ਦੀ ਤਲਾਸ਼ ਜਾਰੀ ਏ ।